੦੭੪

# ਮਤਿ, ਬੁਧਿ, ਅਕਲ ਤੇ ਸਿਆਣਪ.

(ਲੇਖਕ: ਮਾ: ਜੁਗਿੰਦਰ ਸਿੰਘ)

**ਪ੍ਰਸ਼ਨ:- ਮਤਿ, ਬੁਧਿ, ਅਕਲ, ਸਿਆਣਪ ਅਥਵਾ ਨਿਰਮਲ ਮਤਿ, ਨਿਹਚਲ ਮਤਿ, ਪੂਰੀ ਮਤਿ, ਸੁਮਤਿ, ਵਿਸੇਖ ਮਤਿ, ਉੱਤਮ ਮਤਿ, ਬਿਮਲ ਮਤਿ, ਸਿੱਖ ਮਤਿ, ਬਿਬੇਕ ਬੁਧਿ ਜਾਂ ਗੁਰਮਤਿ ਦੇ ਕੀ ਲਕਸ਼ਨ ਹਨ?**

**ਉੱਤਰ:-**

- ਤਿਨ ਮਤਿ ਤਿਨ ਪਤਿ ਤਿਨ ਧਨੁ ਪਲੈ ਜਿਨ ਹਿਰਦੈ ਰਹਿਆ ਸਮਾਇ॥
  ਤਿਨ ਕਾ ਕਿਆ ਸਾਲਾਹਣਾ ਅਵਰ ਸੁਆਲਿਉ ਕਾਇ॥ (੧੫)

- ਜਹ ਕਰਣੀ ਤਹ ਪੂਰੀ ਮਤਿ॥ ਕਰਣੀ ਬਾਝਹੁ ਘਟੇ ਘਟਿ॥ (੨੫)

- ਪਰਵਦਗਾਰੁ ਸਾਲਾਹੀਐ ਜਿਸ ਦੇ ਚਲਤ ਅਨੇਕ॥ ਸਦਾ ਸਦਾ ਆਰਾਧੀਐ ਏਹਾ ਮਤਿ ਵਿਸੇਖ॥ (੪੯)

- ਸਚੁ ਕਰਤਾ ਸਚੁ ਕਰਣਹਾਰੁ ਸਚੁ ਸਾਹਿਬੁ ਸਚੁ ਟੇਕ॥ ਸਚੋ ਸਚੁ ਵਖਾਣੀਐ ਸਚੋ ਬੁਧਿ ਬਿਬੇਕ॥ (੫੨)

- ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ॥ ਸਾ ਮਤਿ ਦੀਜੈ ਜਿਤੁ ਤੁਧੁ ਧਿਆਈ॥
  ਸਾਸ ਸਾਸ ਤੇਰੇ ਗੁਣ ਗਾਵਾ ਓਟ ਨਾਨਕ ਗੁਰ ਚਰਣਾ ਜੀਉ॥ (੧੦੦)

- ਸਾ ਮਤਿ ਪੂਰੀ ਜਿਤੁ ਹਰਿ ਗੁਣ ਗਾਵੈ॥ ਵਡੈ ਭਾਗਿ ਸਾਧੂ ਸੰਗੁ ਪਾਵੈ॥ (੧੮੯)

- ਸਾ ਮਤਿ ਨਿਰਮਲ ਕਹੀਅਤ ਧੀਰ॥ ਰਾਮ ਰਸਾਇਣੁ ਪੀਵਤ ਬੀਰ॥ (੧੯੮)

- ਜੇਤੇ ਸਾਸ ਗ੍ਰਾਸ ਮਨੁ ਲੇਤਾ ਤੇਤੇ ਹੀ ਗੁਨ ਗਾਈਐ॥
  ਜਉ ਹੋਇ ਦੈਆਲੁ ਸਤਿਗੁਰੁ ਅਪੁਨਾ ਤਾ ਇਹ ਮਤਿ ਬੁਧਿ ਪਾਈਐ॥ (੨੧੩)

- ਮਤਿ ਪੂਰੀ ਪਰਧਾਨ ਤੇ ਗੁਰ ਪੂਰੇ ਮਨ ਮੰਤ॥ ਜਿਹ ਜਾਨਿਓ ਪ੍ਰਭੁ ਆਪੁਨਾ ਨਾਨਕ ਤੇ ਭਗਵੰਤ॥ (੨੫੯)

- ਮਨ ਬਚ ਕ੍ਰਮ ਜਿਹ ਆਪਿ ਜਨਾਈ॥ ਨਾਨਕ ਤਿਹ ਮਤਿ ਪ੍ਰਗਟੀ ਆਈ॥ (੨੫੯)

- ਗੁਰ ਕੀ ਮਤਿ ਤੂੰ ਲੇਹਿ ਇਆਨੇ॥ ਭਗਤਿ ਬਿਨਾ ਬਹੁ ਡੂਬੇ ਸਿਆਨੇ॥ (੨੯੯)

- ਮੇਰੇ ਸਤਿਗੁਰ ਅਪਨੇ ਬਾਲਿਕ ਰਾਖਹੁ ਲੀਲਾ ਧਾਰਿ॥
  ਦੇਹੁ ਸੁਮਤਿ ਸਦਾ ਗੁਣ ਗਾਵਾ ਮੇਰੇ ਠਾਕੁਰ ਅਗਮ ਅਪਾਰ॥ (੩੭੯)

- ਹਰਿ ਕੈ ਭਾਣੈ ਜਨਮੁ ਪਦਾਰਥੁ ਪਾਇਆ ਮਤਿ ਊਤਮ ਹੋਈ॥
ਨਾਨਕ ਨਾਮੁ ਸਲਾਹਿ ਤੂੰ ਗੁਰਮੁਖਿ ਗਤਿ ਹੋਈ॥ (੩੬੫)

- ਉਕਤਿ ਸਿਆਨਪ ਕਿਛੂ ਨ ਜਾਨਾ॥ ਦਿਨੁ ਰੈਣਿ ਤੇਰਾ ਨਾਮੁ ਵਖਾਨਾ॥ (੩੮੭)

- ਹਰਿ ਕਥਾ ਤੂੰ ਸੁਣਿ ਰੇ ਮਨ ਸਬਦੁ ਮੰਨਿ ਵਸਾਇ॥ ਇਹ ਮਤਿ ਤੇਰੀ ਥਿਰੁ ਰਹੈ ਤਾਂ ਭਰਮੁ ਵਿਚਹੁ ਜਾਇ॥ (੪੯੧)

- ਦੇਹਿ ਬਿਮਲ ਮਤਿ ਸਦਾ ਸਰੀਰਾ॥ ਸਹਜਿ ਸਹਜਿ ਗੁਨ ਰਵੈ ਕਬੀਰਾ॥ (੪੭੮)

- ਮਤਾ ਮਸੂਰਤਿ ਅਵਰ ਸਿਆਨਪ ਜਨ ਕਉ ਕਛੂ ਨ ਆਇਓ॥
ਜਹ ਜਹ ਅਉਸਰੁ ਆਇ ਬਨਿਓ ਹੈ ਤਹਾ ਤਹਾ ਹਰਿ ਧਿਆਇਓ॥ (੪੯੮)

- ਜਿਸੁ ਅੰਦਰਿ ਨਾਮੁ ਨਿਧਾਨੁ ਹੈ ਤਿਸੁ ਜਨ ਕਉ ਹਉ ਬਲਿਹਾਰੀ॥
ਜਿਸੁ ਅੰਦਰਿ ਬੁਧਿ ਬਿਬੇਕੁ ਹੈ ਹਰਿ ਨਾਮੁ ਮੁਰਾਰੀ॥ (੫੮੯)

- ਤੁਮ੍ ਕਰਹੁ ਦਇਆ ਮੇਰੇ ਸਾਈ॥ ਐਸੀ ਮਤਿ ਦੀਜੈ ਮੇਰੇ ਠਾਕੁਰ ਸਦਾ ਸਦਾ ਤੁਧੁ ਧਿਆਈ॥ (੬੭੩)

- ਸਾ ਮਤਿ ਦੇਹੁ ਦਇਆਲ ਪ੍ਰਭ ਜਿਤੁ ਤੁਮਹਿ ਅਰਾਧਾ॥ ਨਾਨਕੁ ਮੰਗੈ ਦਾਨੁ ਪ੍ਰਭ ਰੇਨ ਪਗ ਸਾਧਾ॥ (੬੭੭)

- ਸਾਰ ਨ ਜਾਣਾ ਤੂ ਵਡ ਦਾਣਾ ਕਰਿ ਮਿਹਰੰਮਤਿ ਸਾਂਈ॥
ਕਿਰਪਾ ਕੀਜੈ ਸਾ ਮਤਿ ਦੀਜੈ ਆਠ ਪਹਰ ਤੁਧੁ ਧਿਆਈ॥ (੭੭੯)

- ਮਨ ਕੀ ਮਤਿ ਤਿਆਗਹੁ ਹਰਿ ਜਨ ਏਹਾ ਬਾਤ ਕਠੈਨੀ॥
ਅਨਦਿਨੁ ਹਰਿ ਹਰਿ ਨਾਮੁ ਧਿਆਵਹੁ ਗੁਰ ਸਤਿਗੁਰ ਕੀ ਮਤਿ ਲੈਨੀ॥ (੮੦੦)

- ਸਾਈ ਮਤਿ ਸਾਈ ਬੁਧਿ ਸਿਆਨਪ ਜਿਤੁ ਨਿਮਖ ਨ ਪ੍ਰਭੁ ਬਿਸਰਾਵੈ॥
ਸੰਤਸੰਗਿ ਲਗਿ ਏਹੁ ਸੁਖੁ ਪਾਇਓ ਹਰਿ ਗੁਨ ਸਦ ਹੀ ਗਾਵੈ॥ (੯੭੮)

- ਅਕਲਿ ਏਹ ਨ ਆਖੀਐ ਅਕਲਿ ਗਵਾਈਐ ਬਾਦਿ॥ (੧੨੪੫)

- ਬਿਬੇਕ ਬੁਧਿ ਸਭ ਜਗ ਮਹਿ ਨਿਰਮਲ ਬਿਚਰਿ ਬਿਚਰਿ ਰਸੁ ਪੀਜੈ॥
ਗੁਰ ਪਰਸਾਦਿ ਪਦਾਰਥੁ ਪਾਇਆ ਸਤਿਗੁਰ ਕਉ ਇਹੁ ਮਨੁ ਦੀਜੈ॥ (੧੩੨੫)

- ਸਿਖ ਮਤਿ ਸਭ ਬੁਧਿ ਤੁਮ੍ਹਾਰੀ ਮੰਦਿਰ ਛਾਵਾ ਤੇਰੇ॥
ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ॥ (੭੯੫)

- ਐਸੀ ਗੁਰਮਤਿ ਪਾਈਅਲੇ॥ ਬੂਡਤ ਘੋਰ ਅੰਧ ਕੂਪ ਮਹਿ ਨਿਕਸਿਓ ਮੇਰੇ ਭਾਈ ਰੇ॥ (੩੭੭)

- ਜਿਨ੍ਹੀ ਏਕੋ ਸੇਵਿਆ ਪੂਰੀ ਮਤਿ ਭਾਈ॥ ਆਦਿ ਜੁਗਾਦਿ ਨਿਰੰਜਨਾ ਜਨ ਹਰਿ ਸਰਣਾਈ॥ (੪੨੦)

- ਕਰਮੁ ਧਰਮੁ ਕਿਛੁ ਉਪਜਿ ਨ ਆਇਓ ਨਹ ਉਪਜੀ ਨਿਰਮਲ ਕਰਣੀ॥
ਛਾਡਿ ਸਿਆਨਪ ਸੰਜਮ ਨਾਨਕ ਲਾਗੋ ਗੁਰ ਕੀ ਚਰਣੀ॥ (੫੩੦)

- ਸੇ ਜਨ ਬੈਰਾਗੀ ਸਚਿ ਲਿਵ ਲਾਗੀ ਆਪਣਾ ਆਪੁ ਪਛਾਣਿਆ॥
ਮਤਿ ਨਿਹਚਲ ਅਤਿ ਗੂੜੀ ਗੁਰਮੁਖਿ ਸਹਜੇ ਨਾਮੁ ਵਖਾਣਿਆ॥ (੫੬੯)

**ਪ੍ਰਸ਼ਨ:- ਸਿੱਖ ਮਤਿ ਅਥਵਾ ਗੁਰਮਤਿ ਕਿੱਥੋਂ ਮਿਲਦੀ ਹੈ?**
**ਉੱਤਰ:-**
- ਦੁਖਿ ਸੁਖਿ ਪਿਆਰੇ ਤੁਧੁ ਧਿਆਈ॥ ਏਹ ਸੁਮਤਿ ਗੁਰੂ ਤੇ ਪਾਈ॥ (੯੯)

- ਪ੍ਰਭੁ ਅਪੁਨਾ ਸਾਸਿ ਸਾਸਿ ਸਮਾਰਉ॥ ਇਹ ਮਤਿ ਗੁਰ ਪ੍ਰਸਾਦਿ ਮਨਿ ਧਾਰਉ॥ (੧੦੪)

- ਗੁਰਿ ਮਿਲਿਐ ਸਭ ਮਤਿ ਬੁਧਿ ਹੋਇ॥ ਮਨਿ ਨਿਰਮਲਿ ਵਸੈ ਸਚੁ ਸੋਇ॥ (੧੫੭)

- ਪਾਰਬ੍ਰਹਮੁ ਪਰਮੇਸੁਰੁ ਧਿਆਈਐ॥ ਗੁਰ ਪੂਰੇ ਤੇ ਇਹ ਮਤਿ ਪਾਈਐ॥ (੧੮੪)

- ਨਾਮੁ ਪਦਾਰਥੁ ਨਉ ਨਿਧਿ ਸਿਧਿ॥ ਨਾਨਕ ਗੁਰ ਤੇ ਪਾਈ ਬੁਧਿ॥ (੩੯੭)

- ਗੁਰਮੁਖਿ ਬੂਝੈ ਏਕ ਲਿਵ ਲਾਏ॥ ਨਿਜ ਘਰਿ ਵਾਸੈ ਸਾਚਿ ਸਮਾਏ॥
ਜੰਮਣੁ ਮਰਣਾ ਠਾਕਿ ਰਹਾਏ॥ ਪੂਰੇ ਗੁਰ ਤੇ ਇਹ ਮਤਿ ਪਾਏ॥ (੨੨੨)

- ਹਰਿ ਮੇਰੀ ਪੂੰਜੀ ਮੇਰਾ ਹਰਿ ਵੇਸਾਹੁ॥ ਗੁਰਮੁਖਿ ਧਨੁ ਖਟੀ ਹਰਿ ਮੇਰਾ ਸਾਹੁ॥
ਗੁਰ ਕਿਰਪਾ ਤੇ ਇਹ ਮਤਿ ਆਵੈ॥ ਜਨ ਨਾਨਕੁ ਹਰਿ ਕੈ ਅੰਕਿ ਸਮਾਵੈ॥ (੩੭੫)

- ਸਭ ਮਹਿ ਜਾਨਉ ਕਰਤਾ ਏਕ॥ ਸਾਧਸੰਗਤਿ ਮਿਲਿ ਬੁਧਿ ਬਿਬੇਕ॥ (੩੭੭)

- ਨਾ ਕਾਸੀ ਮਤਿ ਊਪਜੈ ਨਾ ਕਾਸੀ ਮਤਿ ਜਾਇ॥ ਸਤਿਗੁਰ ਮਿਲਿਐ ਮਤਿ ਊਪਜੈ ਤਾ ਇਹ ਸੋਝੀ ਪਾਇ॥ (੪੯੧)

- ਧਾਵਤ ਧਾਵਤ ਸਭੁ ਜਗੁ ਧਾਇਓ ਅਬ ਆਏ ਹਰਿ ਦੁਆਰੀ॥
ਦੁਰਮਤਿ ਮੇਟਿ ਬੁਧਿ ਪਰਗਾਸੀ ਜਨ ਨਾਨਕ ਗੁਰਮੁਖਿ ਤਾਰੀ॥ (੪੯੫)

- ਬਿਬੇਕ ਬੁਧਿ ਸਤਿਗੁਰ ਤੇ ਪਾਈ ਗੁਰ ਗਿਆਨੁ ਗੁਰੂ ਪ੍ਰਭ ਕੇਰਾ॥

ਜਨ ਨਾਨਕ ਨਾਮੁ ਗੁਰੂ ਤੇ ਪਾਇਆ ਧੁਰਿ ਮਸਤਕਿ ਭਾਗੁ ਲਿਖੇਰਾ॥ (੭੧੧)

- ਜਿਨ ਕਉ ਧੁਰਿ ਲਿਖਿਆ ਤਿਨ ਗੁਰੁ ਮਿਲਿਆ ਤਿਨ ਜਨਮ ਮਰਣ ਭਉ ਭਾਗਾ॥
ਅੰਦਰਹੁ ਦੁਰਮਤਿ ਦੂਜੀ ਖੋਈ ਸੋ ਜਨੁ ਹਰਿ ਲਿਵ ਲਾਗਾ॥ (੭੬੭)

- ਬਾਬਾ ਮੈ ਕੁਚੀਲੁ ਕਾਚਉ ਮਤਿਹੀਨ॥ ਨਾਮ ਬਿਨਾ ਕੋ ਕਛੁ ਨਹੀ ਗੁਰਿ ਪੂਰੈ ਪੂਰੀ ਮਤਿ ਕੀਨ॥ (੧੦੧੦)

- ਸਭਿ ਜੁਗ ਤੇਰੇ ਕੀਤੇ ਹੋਏ॥ ਸਤਿਗੁਰੁ ਭੇਟੈ ਮਤਿ ਬੁਧਿ ਹੋਏ॥ (੧੧੭੬)

- ਗੁਰ ਕਾ ਸਬਦੁ ਸਮਾਲਿ ਤੂ ਮੂੜੇ ਗਤਿ ਮਤਿ ਸਬਦੇ ਪਾਏ॥
ਨਾਨਕ ਸਤਿਗੁਰੁ ਤਦ ਹੀ ਪਾਏ ਜਾਂ ਵਿਚਹੁ ਆਪੁ ਗਵਾਏ॥ (੫੫੦)

**ਪ੍ਰਸ਼ਨ:- ਗੁਰਮਤਿ ਬਿਹੂਨ ਆਨਮਤਿ ਅਥਵਾ ਦੁਰਮਤਿ, ਅਲੂਣੀ ਮਤਿ, ਮਨਮਤਿ, ਮਲੀਣ ਮਤਿ, ਅਸ਼ੁਧਿ ਮਤਿ, ਅਗਿਆਨ ਮਤਿ, ਦੁਸਟ ਮਤਿ, ਬਿਰਾਨੀ ਮਤਿ, ਦੁਤੀਆ ਮਤਿ, ਫਿਕੀ ਮਤਿ, ਹੋਛੀ ਮਤਿ, ਕਾਚੀ ਮਤਿ, ਭਵੀ ਹੋਈ ਮਤਿ ਜਾਂ ਕਬੁਧਿ ਧਾਰਨ ਦਾ ਕੀ ਫਲ ਹੈ?**

**ਉੱਤਰ:-** - ਕਚੀ ਕੰਧ ਕਚਾ ਵਿਚਿ ਰਾਜੁ॥ ਮਤਿ ਅਲੂਣੀ ਫਿਕਾ ਸਾਦੁ॥ (੨੫)

- ਮਤਿ ਬੁਧਿ ਭਵੀ ਨ ਬੁਝਈ ਅੰਤਰਿ ਲੋਭ ਵਿਕਾਰੁ॥ ਲਖ ਚਉਰਾਸੀਹ ਭਰਮਦੇ ਭ੍ਰਮਿ ਭ੍ਰਮਿ ਹੋਇ ਖੁਆਰੁ॥ (੨੭)

- ਗਿਆਨ ਵਿਹੂਣੀ ਪਿਰ ਮੁਤੀਆ ਪਿਰਮੁ ਨ ਪਾਇਆ ਜਾਇ॥
ਅਗਿਆਨ ਮਤੀ ਅੰਧੇਰੁ ਹੈ ਬਿਨੁ ਪਿਰ ਦੇਖੇ ਭੁਖ ਨ ਜਾਇ॥ (੩੮)

- ਮਨਹਠਿ ਕਿਨੈ ਨ ਪਾਇਆ ਕਰਿ ਉਪਾਵ ਥਕੇ ਸਭੁ ਕੋਇ॥
ਸਹਸ ਸਿਆਣਪ ਕਰਿ ਰਹੇ ਮਨਿ ਕੋਰੈ ਰੰਗੁ ਨ ਹੋਇ॥ (੩੯)

- ਅਹੰਕਾਰੁ ਕਰਹਿ ਅਹੰਕਾਰੀਆ ਵਿਆਪਿਆ ਮਨ ਕੀ ਮਤਿ॥
ਤਿਨਿ ਪ੍ਰਭਿ ਆਪਿ ਭੁਲਾਇਆ ਨਾ ਤਿਸੁ ਜਾਤਿ ਨ ਪਤਿ॥ (੪੨)

- ਮਨਮੁਖ ਮੁਗਧ ਕਰਹਿ ਚਤੁਰਾਈ॥ ਨਾਤਾ ਧੋਤਾ ਥਾਇ ਨ ਪਾਈ॥
ਜੇਹਾ ਆਇਆ ਤੇਹਾ ਜਾਸੀ ਕਰਿ ਅਵਗਣ ਪਛੋਤਾਵਣਿਆ॥ (੧੧੪)

- ਰਾਮ ਹਮ ਸਤਿਗੁਰ ਪਾਰਬ੍ਰਹਮ ਕਰਿ ਮਾਨੇ॥
ਹਮ ਮੂੜ ਮੁਗਧ ਅਸੁਧ ਮਤਿ ਹੋਤੇ ਗੁਰ ਸਤਿਗੁਰ ਕੈ ਬਚਨਿ ਹਰਿ ਹਮ ਜਾਨੇ॥ (੧੬੯)

- ਹਮ ਅਹੰਕਾਰੀ ਅਹੰਕਾਰ ਅਗਿਆਨ ਮਤਿ ਗੁਰਿ ਮਿਲਿਐ ਆਪੁ ਗਵਾਇਆ॥
ਹਉਮੈ ਰੋਗੁ ਗਇਆ ਸੁਖੁ ਪਾਇਆ ਧਨੁ ਧੰਨੁ ਗੁਰੂ ਹਰਿ ਰਾਇਆ॥ (੧੭੨)

- ਅਬ ਮਤਿ ਬਿਨਸੀ ਦੁਸਟ ਬਿਗਾਨੀ॥ ਜਬ ਤੇ ਸੁਣਿਆ ਹਰਿ ਜਸੁ ਕਾਨੀ॥ (੧੮੩)

- ਜੇਤੀ ਸਿਆਨਪ ਕਰਮ ਹਉ ਕੀਏ ਤੇਤੇ ਬੰਧ ਪਰੇ॥ ਜਉ ਸਾਧੂ ਕਰੁ ਮਸਤਕਿ ਧਰਿਓ ਤਬ ਹਮ ਮੁਕਤ ਭਏ॥
  ਜਉ ਲਉ ਮੇਰੋ ਮੇਰੋ ਕਰਤੋ ਤਉ ਲਉ ਬਿਖੁ ਘੇਰੇ॥
  ਮਨੁ ਤਨੁ ਬੁਧਿ ਅਰਪੀ ਠਾਕੁਰ ਕਉ ਤਬ ਹਮ ਸਹਜਿ ਸੋਏ॥ (੨੧੪)

- ਹਉਮੈ ਕਰਤਿਆ ਨਹ ਸੁਖੁ ਹੋਇ॥ ਮਨਮਤਿ ਝੂਠੀ ਸਚਾ ਸੋਇ॥ (੨੨੨)

- ਦੂਜੀ ਦੁਰਮਤਿ ਆਖੈ ਦੋਇ॥ ਆਵੈ ਜਾਇ ਮਰਿ ਦੂਜਾ ਹੋਇ॥ (੨੨੩)

- ਦੁਰਮਤਿ ਅਗਨਿ ਜਗਤ ਪਰਜਾਰੈ॥ ਸੋ ਉਬਰੈ ਗੁਰ ਸਬਦੁ ਬੀਚਾਰੈ॥ (੨੨੫)

- ਹਮ ਮਤਿ ਹੀਣ ਮੂਰਖ ਮੁਗਧ ਅੰਧੇ ਸਤਿਗੁਰਿ ਮਾਰਗਿ ਪਾਏ॥
  ਨਾਨਕ ਗੁਰਮੁਖਿ ਸਬਦਿ ਸੁਹਾਵੇ ਅਨਦਿਨੁ ਹਰਿ ਗੁਣ ਗਾਏ॥ (੨੪੬)

- ਅਤਿ ਸੁੰਦਰ ਕੁਲੀਨ ਚਤੁਰ ਮੁਖਿ ਛਿਆਨੀ ਧਨਵੰਤ॥
  ਮਿਰਤਕ ਕਹੀਅਹਿ ਨਾਨਕਾ ਜਿਹ ਪ੍ਰੀਤਿ ਨਹੀ ਭਗਵੰਤ॥ (੨੫੩)

- ਅੰਧੇ ਅਕਲੀ ਬਾਹਰੇ ਕਿਆ ਤਿਨ ਸਿਉ ਕਹੀਐ॥ ਬਿਨੁ ਗੁਰ ਪੰਥੁ ਨ ਸੂਝਈ ਕਿਤੁ ਬਿਧਿ ਨਿਰਬਹੀਐ॥ (੨੨੯)

- ਸਹਸ ਭਾਤਿ ਕਰਹਿ ਚਤੁਰਾਈ॥ ਸੰਗਿ ਤੁਹਾਰੈ ਏਕ ਨ ਜਾਈ॥ (੨੬੦)

- ਲੂਣ ਹਰਾਮੀ ਗੁਨਹਗਾਰ ਬੇਗਾਨਾ ਅਲਪ ਮਤਿ॥ ਜੀਉ ਪਿੰਡੁ ਜਿਨਿ ਸੁਖ ਦੀਏ ਤਾਹਿ ਨ ਜਾਨਤ ਤਤ॥ (੨੬੧)

- ਬਹੁਤੁ ਸਿਆਣਪ ਜਮ ਕਾ ਭਉ ਬਿਆਪੈ॥ ਅਨਿਕ ਜਤਨ ਕਰਿ ਤ੍ਰਿਸਨ ਨਾ ਧ੍ਰਾਪੈ॥ (੨੬੫)

- ਰੇ ਜਨ ਮਨੁ ਮਾਧਉ ਸਿਉ ਲਾਈਐ॥ ਚਤੁਰਾਈ ਨ ਚਤੁਰਭੁਜੁ ਪਾਈਐ॥ (੩੨੪)

- ਮਨ ਕੀ ਮਤਿ ਮਤਾਗਲੁ ਮਤਾ॥ ਜੋ ਕਿਛੁ ਬੋਲੀਐ ਸਭੁ ਖਤੋ ਖਤਾ॥ (੩੫੧)

- ਗੁਰਮਤਿ ਸਾਚੀ ਹੁਜਤਿ ਦੂਰਿ॥ ਬਹੁਤੁ ਸਿਆਣਪ ਲਾਗੈ ਧੂਰਿ॥ (੩੫੨)

- ਚਤੁਰਾਈ ਸਿਆਣਪਾ ਕਿਤੈ ਕਾਮਿ ਨ ਆਈਐ॥ ਤੁਠਾ ਸਾਹਿਬੁ ਜੋ ਦੇਵੈ ਸੋਈ ਸੁਖੁ ਪਾਈਐ॥ (੩੯੬)

- ਸਭਿ ਜਪ ਸਭਿ ਤਪ ਸਭ ਚਤੁਰਾਈ॥ ਊਝੜਿ ਭਰਮੈ ਰਾਹਿ ਨ ਪਾਈ॥

ਬਿਨੁ ਬੂਝੇ ਕੋ ਥਾਇ ਨ ਪਾਈ॥ ਨਾਮ ਬਿਹੂਣੈ ਮਾਥੇ ਛਾਈ॥ (੪੧੨)

- ਦੁਰਮਤਿ ਭਾਗਹੀਨ ਮਤਿ ਫੀਕੇ ਨਾਮੁ ਸੁਨਤ ਆਵੈ ਮਨਿ ਰੋਹੈ॥
ਕਊਆ ਕਾਗ ਕਉ ਅੰਮ੍ਰਿਤ ਰਸੁ ਪਾਈਐ ਤ੍ਰਿਪਤੈ ਵਿਸਟਾ ਖਾਇ ਮੁਖਿ ਗੋਹੈ॥ (੪੯੩)

- ਸਰਬ ਜੀਆ ਪ੍ਰਤਿਪਾਲਦਾ ਮੇਰੀ ਜਿੰਦੁੜੀਏ ਜਿਉ ਬਾਲਕ ਪਿਤ ਮਾਤਾ ਰਾਮ॥
ਸਹਸ ਸਿਆਣਪ ਨਹ ਮਿਲੈ ਮੇਰੀ ਜਿੰਦੁੜੀਏ ਜਨ ਨਾਨਕ ਗੁਰਮੁਖਿ ਜਾਤਾ ਰਾਮ॥ (੫੪੧)

- ਮਨਮੁਖ ਮੂਲਹੁ ਭੁਲਾਇਅਨੁ ਵਿਚਿ ਲਬੁ ਲੋਭੁ ਅਹੰਕਾਰੁ॥
ਝਗੜਾ ਕਰਦਿਆ ਅਨਦਿਨੁ ਗੁਦਰੈ ਸਬਦਿ ਨ ਕਰੈ ਵੀਚਾਰੁ॥
ਸੁਧਿ ਮਤਿ ਕਰਤੈ ਹਿਰਿ ਲਈ ਬੋਲਨਿ ਸਭੁ ਵਿਕਾਰੁ॥ (੫੪੯)

- ਜੋ ਹਰਿ ਪ੍ਰਭ ਭਾਵੈ ਸੋਈ ਹੋਵੈ ਅਵਰੁ ਨ ਕਰਣਾ ਜਾਈ॥
ਬਹੁਤੁ ਸਿਆਣਪ ਲਇਆ ਨ ਜਾਈ ਕਰਿ ਥਾਕੇ ਸਭਿ ਚਤੁਰਾਈ॥ (੫੭੩)

- ਮਨ ਰੇ ਕਉਨੁ ਕੁਮਤਿ ਤੈ ਲੀਨੀ॥ ਪਰ ਦਾਰਾ ਨਿੰਦਿਆ ਰਸ ਰਚਿਓ ਰਾਮ ਭਗਤਿ ਨਹਿ ਕੀਨੀ॥ (੬੩੧)

- ਸੰਜਮ ਸਹਸ ਸਿਆਣਪਾ ਪਿਆਰੇ ਇਕ ਨ ਚਲੀ ਨਾਲਿ॥
ਜੋ ਬੇਮੁਖ ਗੋਬਿੰਦ ਤੇ ਪਿਆਰੇ ਤਿਨ ਕੁਲਿ ਲਾਗੈ ਗਾਲਿ॥ (੬੪੧)

- ਪੜਿ ਪੜਿ ਭੂਲਹਿ ਚੋਟਾ ਖਾਹਿ॥ ਬਹੁਤੁ ਸਿਆਣਪ ਆਵਹਿ ਜਾਹਿ॥ (੬੮੬)

- ਦੁਰਮਤਿ ਝੂਠੀ ਬੁਰੀ ਬੁਰਿਆਰਿ॥ ਅਉਗਣਿਆਰੀ ਅਉਗਣਿਆਰਿ॥ (੧੦੪੭)

- ਸਾਕਤ ਨਰ ਹੋਛੀ ਮਤਿ ਮਧਿਮ ਜਿਨ੍ ਹਰਿ ਹਰਿ ਸੇਵ ਨ ਕਰਾ॥
ਤੇ ਨਰ ਭਾਗਹੀਨ ਦੁਹਚਾਰੀ ਓਇ ਜਨਮਿ ਮੁਏ ਫਿਰਿ ਮਰਾ॥ (੭੯੯)

- ਮੈ ਮਨਿ ਤੇਰੀ ਟੇਕ ਮੇਰੇ ਪਿਆਰੇ ਮੈ ਮਨਿ ਤੇਰੀ ਟੇਕ॥
ਅਵਰ ਸਿਆਣਪਾ ਬਿਰਥੀਆ ਪਿਆਰੇ ਰਾਖਨ ਕਉ ਤੁਮ ਏਕ॥ (੮੦੨)

- ਏ ਮਨ ਚੰਚਲਾ ਚਤੁਰਾਈ ਕਿਨੈ ਨ ਪਾਇਆ॥
ਚਤੁਰਾਈ ਨ ਪਾਇਆ ਕਿਨੈ ਤੂ ਸੁਣਿ ਮੰਨ ਮੇਰਿਆ॥ (੯੧੮)

- ਝੂਠੀ ਮਨ ਕੀ ਮਤਿ ਹੈ ਕਰਣੀ ਬਾਦਿ ਬਿਬਾਦੁ॥ਝੂਠੇ ਵਿਚਿ ਅਹੰਕਰਣੁ ਹੈ ਖਸਮ ਨ ਪਾਵੈ ਸਾਦੁ॥ (੧੩੪੩)

**ਪ੍ਰਸ਼ਨ :- ਮਨ ਦੀਆਂ ਮਤਾਂ ਅਥਵਾ ਸਗਲ ਸਿਆਣਪਾਂ ਤਿਆਗਣ ਲਈ ਗੁਰੂ ਸਾਹਿਬ ਦੇ ਕੀ ਹੁਕਮ ਹਨ?**

ਉੱਤਰ :-

- ਮਨ ਮੇਰੇ ਕਰਤੇ ਨੋ ਸਾਲਾਹਿ॥ ਸਭੇ ਛਡਿ ਸਿਆਣਪਾ ਗੁਰ ਕੀ ਪੈਰੀ ਪਾਹਿ॥ (੪੩)

- ਤਿਸ ਹੀ ਕੀ ਕਰਿ ਆਸ ਮਨ ਜਿਸ ਕਾ ਸਭਸੁ ਵੇਸਾਹੁ॥ ਸਭਿ ਸਿਆਣਪਾ ਛਡਿ ਕੈ ਗੁਰ ਕੀ ਚਰਣੀ ਪਾਹੁ॥ (੪੪)

- ਸਾਧੂ ਕੀ ਹੋਹੁ ਰੇਣੁਕਾ ਅਪਣਾ ਆਪੁ ਤਿਆਗਿ॥ ਉਪਾਵ ਸਿਆਣਪ ਸਗਲ ਛਡਿ ਗੁਰ ਕੀ ਚਰਣੀ ਲਾਗੁ॥ (੪੫)

- ਮੇਰੇ ਮਨ ਸਤਗੁਰ ਕੀ ਸੇਵਾ ਲਾਗੁ॥ ਜੋ ਦੀਸੈ ਸੋ ਵਿਣਸਣਾ ਮਨ ਕੀ ਮਤਿ ਤਿਆਗੁ॥ (੫੦)

- ਗੁਰ ਕੇ ਚਰਨ ਮਨ ਮਹਿ ਧਿਆਇ॥ ਛੋਡਿ ਸਗਲ ਸਿਆਣਪਾ ਸਾਚਿ ਸਬਦਿ ਲਿਵ ਲਾਇ॥ (੫੧)

- ਅਪਨੇ ਪ੍ਰਭ ਸਿਉ ਹੋਹੁ ਸਾਵਧਾਨੁ॥ ਤਾ ਤੂੰ ਦਰਗਹ ਪਾਵਹਿ ਮਾਨੁ॥
ਉਕਤਿ ਸਿਆਣਪ ਸਗਲੀ ਤਿਆਗੁ॥ ਸੰਤ ਜਨਾ ਕੀ ਚਰਣੀ ਲਾਗੁ॥ (੧੭੬)

- ਤਿਸ ਕੀ ਸਰਣਿ ਨਾਹੀ ਭਉ ਸੋਗੁ॥ ਉਸ ਤੇ ਬਾਹਰਿ ਕਛੂ ਨ ਹੋਗੁ॥
ਤਜੀ ਸਿਆਣਪ ਬਲ ਬੁਧਿ ਬਿਕਾਰ॥ ਦਾਸ ਅਪਨੇ ਕੀ ਰਾਖਨਹਾਰ॥ (੧੭੭)

- ਮਨ ਕੀ ਮਤਿ ਤਿਆਗਹੁ ਹਰਿ ਜਨ ਹੁਕਮੁ ਬੂਝਿ ਸੁਖੁ ਪਾਈਐ ਰੇ॥
ਜੋ ਪ੍ਰਭੁ ਕਰੈ ਸੋਈ ਭਲ ਮਾਨਹੁ ਸੁਖਿ ਦੁਖਿ ਓਹੀ ਧਿਆਈਐ ਰੇ॥ (੨੦੯)

- ਸਾਧੂ ਕੀ ਮਨ ਓਟ ਗਹੁ ਉਕਤਿ ਸਿਆਨਪ ਤਿਆਗੁ॥
ਗੁਰ ਦੀਖਿਆ ਜਿਹ ਮਨਿ ਬਸੈ ਨਾਨਕ ਮਸਤਕਿ ਭਾਗੁ॥ (੨੬੦)

- ਸਤਿ ਕਹਉ ਸੁਨਿ ਮਨ ਮੇਰੇ ਸਰਨਿ ਪਰਹੁ ਹਰਿ ਰਾਇ॥
ਉਕਤਿ ਸਿਆਨਪ ਸਗਲ ਤਿਆਗਿ ਨਾਨਕ ਲਏ ਸਮਾਇ॥ (੨੬੦)

- ਸਸਾ ਸਿਆਨਪ ਛਾਡੁ ਇਆਨਾ॥ ਹਿਕਮਤਿ ਹੁਕਮਿ ਨ ਪ੍ਰਭੁ ਪਤੀਆਨਾ॥ (੨੬੦)

- ਯਯਾ ਜਾਰਉ ਦੁਰਮਤਿ ਦੋਊ॥ ਤਿਸਹਿ ਤਿਆਗਿ ਸੁਖ ਸਹਜੇ ਸੋਊ॥ (੨੫੩)

- ਤਜਹੁ ਸਿਆਨਪ ਸੁਰਿ ਜਨਹੁ ਸਿਮਰਹੁ ਹਰਿ ਹਰਿ ਰਾਇ॥
ਏਕ ਆਸ ਹਰਿ ਮਨਿ ਰਖਹੁ ਨਾਨਕ ਦੂਖੁ ਭਰਮੁ ਭਉ ਜਾਇ॥ (੨੮੧)

- ਛਾਡਿ ਸਿਆਨਪ ਸਗਲੀ ਮਨਾ॥ ਸਾਧਸੰਗਿ ਪਾਵਹਿ ਸਚੁ ਧਨਾ॥ (੨੮੯)

- ਦੁਤੀਆ ਦੁਰਮਤਿ ਦੂਰਿ ਕਰਿ ਗੁਰ ਸੇਵਾ ਕਰਿ ਨੀਤ॥
ਰਾਮ ਰਤਨੁ ਮਨਿ ਤਨਿ ਬਸੈ ਤਜਿ ਕਾਮੁ ਕ੍ਰੋਧੁ ਲੋਭੁ ਮੀਤ॥ (੨੯੬)

- ਤਿਆਗਿ ਸਗਲ ਸਿਆਨਪਾ ਭਜੁ ਪਾਰਬ੍ਰਹਮ ਨਿਰੰਕਾਰੁ॥ ਏਕ ਸਾਚੇ ਨਾਮ ਬਾਝਹੁ ਸਗਲ ਦੀਸੈ ਛਾਰੁ॥ (੪੦੫)

- ਛਾਡਿ ਸਗਲ ਸਿਆਣਪਾ ਸਾਧ ਸਰਣੀ ਆਉ॥ਪਾਰਬ੍ਰਹਮ ਪਰਮੇਸਰੋ ਪ੍ਰਭੂ ਕੇ ਗੁਣ ਗਾਉ॥ (੫੦੧)

- ਛੋਡਿ ਸਿਆਨਪ ਬਹੁ ਚਤੁਰਾਈ ਦੁਇ ਕਰ ਜੋੜਿ ਸਾਧ ਮਗਿ ਚਲੁ॥
ਸਿਮਰਿ ਸੁਆਮੀ ਅੰਤਰਜਾਮੀ ਮਾਨੁਖ ਦੇਹ ਕਾ ਇਹੁ ਊਤਮ ਫਲੁ॥ (੭੧੭)

- ਮਨ ਕੀ ਮਤਿ ਤਿਆਗਹੁ ਹਰਿ ਜਨ ਏਹਾ ਬਾਤ ਕਠੈਨੀ॥
ਅਨਦਿਨੁ ਹਰਿ ਹਰਿ ਨਾਮੁ ਧਿਆਵਹੁ ਗੁਰ ਸਤਿਗੁਰ ਕੀ ਮਤਿ ਲੈਨੀ॥ (੮੦੦)

- ਲੋਕਨ ਕੀ ਚਤੁਰਾਈ ਉਪਮਾ ਤੇ ਬੈਸੰਤਰਿ ਜਾਰਿ॥ (੫੨੮)

- ਗੁਰੁ ਪੂਰਾ ਜਿਸੁ ਭੇਟਿਆ ਤਾ ਕੈ ਸੁਖਿ ਪਰਵੇਸੁ॥ਮਨ ਕੀ ਮਤਿ ਤਿਆਗੀਐ ਸੁਣੀਐ ਉਪਦੇਸੁ॥ (੮੧੪)

- ਛੋਡਿ ਸਿਆਨਪ ਚਾਤੁਰੀ ਦੁਰਮਤਿ ਬੁਧਿ ਤਿਆਗੋ ਰਾਮ॥
ਨਾਨਕ ਪਉ ਸਰਣਾਈ ਰਾਮ ਰਾਇ ਥਿਰੁ ਹੋਇ ਸੁਹਾਗੋ ਰਾਮ॥ (੮੪੮)

- ਛੋਡਿ ਸਿਆਣਪ ਬਹੁ ਚਤੁਰਾਈ॥ ਮਨ ਬਿਨੁ ਹਰਿ ਨਾਵੈ ਜਾਇ ਨ ਕਾਈ॥ (੮੯੧)

- ਸਗਲ ਸਿਆਨਪ ਛਾਡਿ॥ ਕਰਿ ਸੇਵਾ ਸੇਵਕ ਸਾਜਿ॥ (੮੯੫)

- ਅਨਦ ਸੂਖ ਬਿਸ੍ਰਾਮ ਨਿਤ ਹਰਿ ਕਾ ਕੀਰਤਨੁ ਗਾਇ॥
ਅਵਰ ਸਿਆਣਪ ਛਾਡਿ ਦੇਹਿ ਨਾਨਕ ਉਧਰਸਿ ਨਾਇ॥ (੯੬੨)

- ਛੋਡਿ ਸਗਲ ਸਿਆਣਪਾ ਮਿਲਿ ਸਾਧ ਤਿਆਗਿ ਗੁਮਾਨੁ॥
ਅਵਰੁ ਸਭੁ ਕਿਛੁ ਮਿਥਿਆ ਰਸਨਾ ਰਾਮ ਰਾਮ ਵਖਾਨੁ॥ (੧੦੦੬)